ਸੋਰਠਿ ਮਹਲਾ ੫ ॥ ਵਿਚਿ ਕਰਤਾ ਪੁਰਖੁ ਖਲੋਆ ॥ ਵਾਲੁ ਨ ਵਿੰਗਾ ਹੋਆ ॥ ਮਜਨੁ ਗੁਰ ਆਂਦਾ ਰਾਸੇ ॥ ਜਪਿ ਹਰਿ ਹਰਿ ਕਿਲਵਿਖ ਨਾਸੇ ॥੧॥ ਸੰਤਹੁ ਰਾਮਦਾਸ ਸਰੋਵਰੁ ਨੀਕਾ ॥ ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ ॥੧॥ ਰਹਾਉ ॥ ਜੈ ਜੈ ਕਾਰੁ ਜਗੁ ਗਾਵੈ ॥ ਮਨ ਚਿੰਦਿਅੜੇ ਫਲ ਪਾਵੈ ॥ ਸਹੀ ਸਲਾਮਤਿ ਨਾਇ ਆਏ ॥ ਅਪਣਾ ਪ੍ਰਭੂ ਧਿਆਏ ॥੨॥ ਸੰਤ ਸਰੋਵਰ ਨਾਵੈ ॥ ਸੋ ਜਨੁ ਪਰਮ ਗਤਿ ਪਾਵੈ ॥ ਮਰੈ ਨ ਆਵੈ ਜਾਈ ॥ ਹਰਿ ਹਰਿ ਨਾਮੁ ਧਿਆਈ ॥੩॥ ਇਹੁ ਬ੍ਰਹਮ ਬਿਚਾਰੁ ਸੁ ਜਾਨੈ ॥ ਜਿਸੁ ਦਇਆਲੁ ਹੋਇ ਭਗਵਾਨੈ ॥ ਬਾਬਾ ਨਾਨਕ ਪ੍ਰਭ ਸਰਣਾਈ ॥ ਸਭ ਚਿੰਤਾ ਗਣਤ ਮਿਟਾਈ ॥੪॥੭॥੫੭॥ {ਪੰਨਾ 623}

ਪਦਅਰਥ:- ਕਰਤਾ—ਕਰਤਾਰ। ਪੁਰਖੁ—ਸਰਬ-ਵਿਆਪਕ। ਵਿਚਿ ਖਲੋਆ—ਆਪ ਸਹੈਤਾ ਕਰਦਾ ਹੈ। ਵਾਲੁ ਨ ਵਿੰਗਾ ਹੋਆ—ਰਤਾ ਭੀ ਨੁਕਸਾਨ ਨਹੀਂ ਹੁੰਦਾ। ਮਜਨੁ—ਇਸ਼ਨਾਨ, ਰਾਮ ਦੇ ਦਾਸਾਂ ਦੇ ਸਰੋਵਰ ਵਿਚ ਇਸ਼ਨਾਨ, ਨਾਮ-ਜਲ ਨਾਲ ਆਤਮਕ ਇਸ਼ਨਾਨ। ਗੁਰਿ—ਗੁਰੂ ਨੇ। ਆਂਦਾ ਰਾਸੇ—ਰਾਸਿ ਆਂਦਾ, ਸਫਲ ਕਰ ਦਿੱਤਾ। ਜਪਿ—ਜਪ ਕੇ। ਕਿਲਵਿਖ—ਪਾਪ।1।

ਰਾਮ ਦਾਸ ਸਰੋਵਰੁ—ਰਾਮ ਦੇ ਦਾਸਾਂ ਦਾ ਸਰੋਵਰ, ਸਾਧ ਸੰਗਤਿ। ਨੀਕਾ—ਚੰਗਾ, ਸੋਹਣਾ। ਨਾਵੈ—ਨ੍ਹਾਵੇ, ਇਸ਼ਨਾਨ ਕਰਦਾ ਹੈ। ਉਧਾਰੁ—ਪਾਰ-ਉਤਾਰਾ। ਜੀ ਕਾ—ਜਿੰਦ ਦਾ।1। ਰਹਾਉ।

ਜੈ ਜੈ ਕਾਰੁ—ਸੋਭਾ। ਜਗੁ—ਜਗਤ। ਮਨਿ—ਮਨ ਵਿਚ। ਚਿੰਦਿਅੜੇ—ਚਿਤਵੇ ਹੋਏ। ਸਹੀ ਸਲਾਮਤਿ—ਆਤਮਕ ਜੀਵਨ ਨੂੰ ਪੂਰਨ ਤੌਰ ਤੇ ਬਚਾ ਕੇ। ਨਾਇ—ਨ੍ਹਾਇ, ਇਸ਼ਨਾਨ ਕਰ ਕੇ।2।

ਸੰਤ ਸਰੋਵਰਿ—ਸੰਤਾਂ ਦੇ ਸਰੋਵਰ ਵਿਚ, ਸਾਧ ਸੰਗਤਿ ਵਿਚ। ਨਾਵੈ—ਨ੍ਹਾਵੈ। ਪਰਮ ਗਤਿ—ਸਭ ਤੋਂ ਉਚੀ ਆਤਮਕ ਅਵਸਥਾ। ਨ ਆਵੈ ਜਾਈ—ਨ ਆਵੈ ਨ ਜਾਈ, ਜੰਮਦਾ ਮਰਦਾ ਨਹੀਂ।3।

ਬ੍ਰਹਮ ਬਿਚਾਰੁ—ਪਰਮਾਤਮਾ ਨਾਲ ਸਾਂਝ ਦੀ ਸੋਚ। ਸੁ—ਉਹ ਮਨੁੱਖ। ਬਾਬਾ—ਹੇ ਭਾਈ! ਨਾਨਕ! ਗਣਤ—ਗਿਣਤੀ, ਫ਼ਿਕਰ।4।

ਅਰਥ:- ਹੇ ਸੰਤ ਜਨੋ! ਸਾਧ ਸੰਗਤਿ (ਇਕ) ਸੁੰਦਰ (ਅਸਥਾਨ) ਹੈ। ਜੇਹੜਾ ਮਨੁੱਖ (ਸਾਧ ਸੰਗਤਿ ਵਿਚ) ਆਤਮਕ ਇਸ਼ਨਾਨ ਕਰਦਾ ਹੈ (ਮਨ ਨੂੰ ਨਾਮ-ਜਲ ਨਾਲ ਪਵਿਤ੍ਰ ਕਰਦਾ ਹੈ), ਉਸ ਦੀ ਜਿੰਦ ਦਾ (ਵਿਕਾਰਾਂ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ, ਉਹ ਆਪਣੀ ਸਾਰੀ ਕੁਲ ਨੂੰ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।1। ਰਹਾਉ।

(ਹੇ ਭਾਈ! ਸਾਧ ਸੰਗਤਿ ਵਿਚ ਜਿਸ ਮਨੁੱਖ ਦਾ) ਆਤਮਕ ਇਸ਼ਨਾਨ ਗੁਰੂ ਨੇ ਸਫਲ ਕਰ ਦਿੱਤਾ,

ਉਹ ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪ ਜਪ ਕੇ (ਆਪਣੇ ਸਾਰੇ) ਪਾਪ ਨਾਸ ਕਰ ਲੈਂਦਾ ਹੈ। ਸਰਬ-ਵਿਆਪਕ ਕਰਤਾਰ ਆਪ ਉਸ ਦੀ ਸਹੈਤਾ ਕਰਦਾ ਹੈ, (ਉਸ ਦੀ ਆਤਮਕ ਰਾਸਿ-ਪੂੰਜੀ ਦਾ) ਰਤਾ ਭਰ ਭੀ ਨੁਕਸਾਨ ਨਹੀਂ ਹੁੰਦਾ।1।

ਹੇ ਭਾਈ! (ਜੇਹੜਾ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ ਟਿਕ ਕੇ) ਆਪਣੇ ਪਰਮਾਤਮਾ ਦਾ ਆਰਾਧਨ ਕਰਦਾ ਹੈ, (ਉਹ ਮਨੁੱਖ ਇਸ ਸਤਸੰਗ-ਸਰੋਵਰ ਵਿਚ ਆਤਮਕ) ਇਸ਼ਨਾਨ ਕਰ ਕੇ ਆਪਣੀ ਆਤਮਕ ਜੀਵਨ ਦੀ ਰਾਸਿ-ਪੂੰਜੀ ਨੂੰ ਪੂਰਨ ਤੌਰ ਤੇ ਬਚਾ ਲੈਂਦਾ ਹੈ। ਸਾਰਾ ਜਗਤ ਉਸ ਦੀ ਸੋਭਾ ਦਾ ਗੀਤ ਗਾਂਦਾ ਹੈ, ਉਹ ਮਨੁੱਖ ਮਨ-ਚਿਤਵੇ ਫਲ ਹਾਸਲ ਕਰ ਲੈਂਦਾ ਹੈ।2।

ਹੇ ਭਾਈ! ਜੇਹੜਾ ਮਨੁੱਖ ਸੰਤਾਂ ਦੇ ਸਰੋਵਰ ਵਿਚ (ਸਾਧ ਸੰਗਤਿ ਵਿਚ) ਆਤਮਕ ਇਸ਼ਨਾਨ ਕਰਦਾ ਹੈ, ਉਹ ਮਨੁੱਖ ਸਭ ਤੋਂ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ। ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ।3।

ਹੇ ਭਾਈ! ਪਰਮਾਤਮਾ ਨਾਲ ਮਿਲਾਪ ਦੀ ਇਸ ਵਿਚਾਰ ਨੂੰ ਉਹ ਮਨੁੱਖ ਸਮਝਦਾ ਹੈ, ਜਿਸ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ। ਹੇ ਨਾਨਕ! (ਆਖ—) ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਸ਼ਰਨ ਪਿਆ ਰਹਿੰਦਾ ਹੈ, ਉਹ ਆਪਣਾ ਹਰੇਕ ਕਿਸਮ ਦਾ ਚਿੰਤਾ-ਫ਼ਿਕਰ ਦੂਰ ਕਰ ਲੈਂਦਾ ਹੈ।4।7। 57।